Punjab Government Gazette

EXTRAORDINARY

Published by Authority

CHANDIGARH, TUESDAY, NOVEMBER 18, 2025 (KARTIKA 27, 1947 SAKA)

ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ ਪੰਜਾਬ, ਚੰਡੀਗੜ੍ਹ

(ਮਿਉਂਸਪਲ ਚੋਣਾਂ ਸ਼ਾਖਾ)

ਅਧਿਸੂਚਨਾ

(ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਪ੍ਰਕਾਸ਼ਤ ਕੀਤਾ ਜਾਣਾ ਹੈ)

ਮਿਤੀ 17 ਨਵੰਬਰ, 2025

ਨੰਬਰ: 04/83/ਹਲਕਾਬੰਦੀ(ਸ–1)/ਮਚਸ਼/2025/164.- ਪੰਜਾਬ ਮਿਉਂਸਪਲ ਐਕਟ, 1911 (ਪੰਜਾਬ ਐਕਟ III ਆਫ 1911) ਦੀ ਧਾਰਾ 240 ਦੇ ਉਪਬੰਧਾਂ ਅਨੁਸਾਰ ਅਤੇ ਡਿਲੀਮੀਟੇਸ਼ਨ ਆਫ ਵਾਰਡਜ਼ ਆਫ ਮਿਉਂਸਪੈਲਟੀਜ ਰੂਲਜ, 1972 ਦੇ ਨਿਯਮ 8 ਅਧੀਨ ਇਸ ਤੋਂ ਪਹਿਲਾਂ ਇਸ ਸਬੰਧ ਵਿੱਚ ਜਾਰੀ ਕੀਤੇ ਹੁਕਮਾਂ ਦਾ ਅਧਿਲੰਘਣ ਕਰਦੇ ਹੋਏ ਹੇਠਾਂ ਲਿਖਿਆ ਨਿਯਮਾਂ ਦਾ ਖਰੜ੍ਹਾ ਜਿਨ੍ਹਾਂ ਨੂੰ ਬਨਾਉਣ ਲਈ ਪੰਜਾਬ ਦੇ ਰਾਜਪਾਲ ਤਜਵੀਜ ਕਰਦੇ ਹਨ ਅਤੇ ਇਸ ਸਬੰਧ ਵਿੱਚ ਆਪਣੀਆਂ ਸਮੂਹ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਗਰ ਕੌਂਸਲ ਭਦੌੜ, ਜਿਲ੍ਹਾ ਬਰਨਾਲਾ ਦੇ ਵਾਰਡਾਂ ਦੀ ਹਲਕਾਬੰਦੀ ਉਨ੍ਹਾਂ ਵਿਅਕਤੀਆਂ ਦੀ ਸੂਚਨਾ ਲਈ ਪ੍ਰਕਾਸ਼ਤ ਕਰਦੇ ਹਨ, ਜਿਨ੍ਹਾਂ ਤੇ ਇਸ ਦਾ ਅਸਰ ਪੈਣ ਦੀ ਸੰਭਾਵਨਾ ਹੋਵੇ। ਉਹ ਇਸ ਅਧਿਸੂਚਨਾ ਦੇ ਪ੍ਰਕਾਸ਼ਤ ਹੋਣ ਤੋਂ 7 ਦਿਨਾਂ ਦੇ ਪਿੱਛੋਂ ਨਿਮਨ ਅਨੁਸਾਰ ਖਰੜੇ ਤੇ ਪ੍ਰਾਪਤ ਉਨ੍ਹਾਂ ਇਤਰਾਜਾਂ/ ਸੁਝਾਵਾਂ ਤੇ ਵਿਚਾਰ ਕੀਤਾ ਜਾਵੇਗਾ ਜਿਹੜੇ ਨਿਯਮਾਂ ਦੇ ਖਰੜੇ ਸਬੰਧੀ ਕਿਸੇ ਵੀ ਅਸਰ ਸੰਭਾਵੀ ਵਿਅਕਤੀ ਵਲੋਂ ਉਕਤ ਅਨੁਸਾਰ ਮਿੱਥੇ ਸਮੇ ਅੰਦਰ ਸਬੰਧਤ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਰਾਂਹੀਂ ਵਧੀਕ ਮੁੱਖ ਸਕੱਤਰ ਪੰਜਾਬ ਸਰਕਾਰ, ਸਥਾਨਕ ਸਰਕਾਰ ਵਿਭਾਗ ਨੂੰ ਪ੍ਰਾਪਤ ਹੋਣਗੇ।

ਨਿਯਮਾਂ ਦਾ ਖਰੜਾ

ਨਗਰ ਕੌਂਸਲ ਭਦੌੜ, ਜਿਲ੍ਹਾ ਬਰਨਾਲਾ ਦੇ ਨਗਰ ਪਾਲਾ ਦੀ ਚੋਣ ਦੇ ਮਕਸਦ ਲਈ ਨਗਰ ਕੌਂਸਲ ਤਪਾ ਨੂੰ 13 ਵਾਰਡਾਂ ਵਿਚ ਵੰਡਿਆ ਜਾਵੇਗਾ ਜਿਨ੍ਹਾਂ ਪਿੱਛੇ 10 ਵਾਰਡ, ਜਿਨ੍ਹਾਂ ਦੇ ਪਿੱਛੇ ਬਰੈਕਟਾਂ ਅਤੇ ਸਬਦਾਂ ਵਿਚ:–

1. ਅਨੁਸੂਚਿਤ ਜਾਤੀਆ ਦੇ ਮੈਂਬਰਾ ਲਈ ਰਾਖਵਾਂ:
2. ਇਸਤਰੀ ਮੈਂਬਰਾਂ ਲਈ ਰਾਖਵਾਂ:
3. ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾ ਲਈ ਰਾਖਵਾਂ ਅਤੇ
4. ਪੱਛੜੀ ਸ੍ਰੇਣੀਆਂ ਦੇ ਮੈਂਬਰਾ ਲਈ ਰਾਖਵਾ,

ਲਿਖਿਆ ਹੋਵੇਗਾ ਕਿ ਉਹ ਵਾਰਡ ਉਨ੍ਹਾਂ ਕੈਟਾਗਰੀਆਂ ਨਾਲ ਸਬੰਧਤ ਮੈਂਬਰਾਂ ਲਈ ਰਾਖਵੇ ਹੋਣਗੇ। ਵਾਰਡਾਂ ਦੀਆਂ ਹੱਦਾਂ ਦਾ ਵਰਨਣ ਨਾਲ ਲਗਾਈ ਅਨੁਸੂਚੀ ਵਿਚ ਕੀਤਾ ਜਾਂਦਾ ਹੈ।

ਨਗਰ ਕੌਂਸਲ ਭਦੌੜ (ਜਿਲ੍ਹਾ ਬਰਨਾਲਾ) ਦੇ ਵਾਰਡਾਂ ਦੀਆਂ ਹੱਦਾਂ ਦਾ ਵਰਣਨ ਦੱਸਦੀ ਅਨੁਸੂਚੀ

ਵਾਰਡ ਨੰ: 1 (ਅਨਸੂਚਿਤ ਜਾਤੀਆਂ ਦੀਆਂ ਇਸਤਰੀ ਮੈਬਰਾਂ ਲਈ ਰਾਖਵਾਂ)

ਨਗਰ ਕੌਂਸਲ ਦੀ ਉੱਤਰੀ ਹੱਦ (ਰਜਵਾਹਾ) ਅਤੇ ਗਲੀ ਮੁਹੱਲਾ ਘੜੁੰਆ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਗਲੀ ਮੁਹੱਲਾ ਘੜੁੰਆ ਨਾਲ ਚੱਲਦੇ ਹੋਏ ਗਲੀ ਭੁਲੇਰੀਆ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਤਲਵੰਡੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ (ਰਜਵਾਹਾ) ਅਤੇ ਗਲੀ ਮੁਹੱਲਾ ਘੜੁੰਆ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 2

ਗਲੀ ਧਰਮਸ਼ਾਲਾ ਅਤੇ ਮੱਝੂ ਕੇ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਮੱਝੂ ਕੇ ਰੋਡ ਨਾਲ ਚੱਲਦੇ ਹੋਏ ਗਲੀ ਸਿਵਲ ਹਸਪਤਾਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਰਕੂਲਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਸਰਕਾਰੀ ਕੰਨਿਆਂ ਹਾਈ ਸਕੂਲ ਰੋਡ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੇਨ ਬਜਾਰ (ਢੁੰਡਾ ਮੁਹੱਲਾ) ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੇਨ ਬਜ਼ਾਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੇਨ ਬਜ਼ਾਰ (ਨੱਤਾ ਮੁਹੱਲਾ) ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੁਹੱਲਾ ਭੁਲੇਰੀਆ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਧਰਮਸ਼ਾਲਾ ਅਤੇ ਮੱਝੂ ਕੇ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 3 (ਅਨਸੂਚਿਤ ਜਾਤੀਆਂ ਦੀਆਂ ਇਸਤਰੀ ਮੈਬਰਾਂ ਲਈ ਰਾਖਵਾਂ)

ਨਗਰ ਕੌਂਸਲ ਦੀ ਉੱਤਰੀ ਹੱਦ ਅਤੇ ਨਗਰ ਕੌਂਸਲ ਦੀ ਪੂਰਬੀ ਹੱਦ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਉੱਤਰੀ ਅਤੇ ਪੂਰਬੀ ਹੱਦ ਨਾਲ ਚੱਲਦੇ ਹੋਏ ਮੱਝੂਕੇ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਰਕੂਲਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਮੁਹੱਲਾ ਘੜੁੰਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ ਅਤੇ ਨਗਰ ਕੌਂਸਲ ਦੀ ਪੂਰਬੀ ਹੱਦ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 4

ਮੱਝੂਕੇ ਰੋਡ ਅਤੇ ਨਗਰ ਕੌਂਸਲ ਦੀ ਪੂਰਬੀ ਹੱਦ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਪੂਰਬੀ ਹੱਦ ਨਾਲ ਚੱਲਦੇ ਹੋਏ ----- ਤੀਕ, ਫਿਰ ਉਕਤ ----ਨਾਲ ਚੱਲਦੇ ਹੋਏ ਗਲੀ ਜੱਗਾ ਟਾਇਰਾਂ ਵਾਲੀ ਤੀਕ, ਫਿਰ ਉਕਤ ਉਕਤ ਨਾਲ ਚੱਲਦੇ ਹੋਏ ਗਲੀ ਜਵਾਹਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਰਕੂਲਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਸਿਵਲ ਹਸਪਤਾਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮੱਝੂਕੇ ਰੋਡ ਅਤੇ ਨਗਰ ਕੌਂਸਲ ਦੀ ਪੂਰਬੀ ਹੱਦ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 5 (ਇਸਤਰੀਆਂ ਮੈਬਰਾਂ ਲਈ ਰਾਖਵਾਂ)

ਗਲੀ ਸਰਕਾਰੀ ਕੰਨਿਆ ਹਾਈ ਸਕੂਲ ਅਤੇ ਗਲੀ ਜਵਾਹਰ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਗਲੀ ਜਵਾਹਰ ਵਾਲੀ ਨਾਲ ਚੱਲਦੇ ਹੋਏ ਗਲੀ ਜੱਗਾ ਟਾਇਰਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ----- ਵਾਲੀ ਤੀਕ, ਫਿਰ ਉਕਤ ---- ਗਲੀ ਨਾਲ ਚੱਲਦੇ ਹੋਏ ਗਲੀ ਪ੍ਰਕਾਸ਼ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ/ਰੋਡ ਐਮ.ਸੀ ਦਫਤਰ ਵਾਲੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਬੱਸ ਸਟੈਂਡ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਮੁਹੱਲਾ ਮਾਨਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮੇਨ ਬਜ਼ਾਰ ਰੋਡ (ਢੁੰਡਾ) ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਸਰਕਾਰੀ ਕੰਨਿਆ ਹਾਈ ਸਕੂਲ ਅਤੇ ਗਲੀ ਜਵਾਹਰ ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 6 (ਅਨੁਸੂਚਿਤ ਜਾਤੀਆਂ ਦੇ ਮੈਬਰਾਂ ਲਈ ਰਾਖਵਾਂ)

ਐਮ.ਸੀ. ਦਫਤਰ ਰੋਡ ਅਤੇ ਗਲੀ ਪ੍ਰਕਾਸ਼ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਗਲੀ ਨਾਲ ਚਲਦੇ ਹੋਏ

ਗਲੀ ਜੱਗਾ ਟਾਇਰਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚਲਦੇ ਹੋਏ ਨਗਰ ਕੌਂਸਲ ਦੀ ਪੂਰਬੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚਲਦੇ ਹੋਏ ਗਲੀ ਰਤਨ ਡਰਾਇਵਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚਲਦੇ ਹੋਏ ਖਹਿਰਾ ਪੈਲਸ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹੋਏ ਐਮ.ਸੀ. ਦਫਤਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹੋਏ ਗਲੀ ਪ੍ਰਕਾਸ਼ ਵਾਲੀ ਤੀਕ, ਅਰਥਾਤ ਜਿਥੋਂ ਆਰੰਭ ਕੀਤਾ ਸੀ।

ਵਾਰਡ ਨੰ: 7 (ਇਸਤਰੀਆਂ ਮੈਬਰਾਂ ਲਈ ਰਾਖਵਾਂ)

ਐਮ.ਸੀ. ਦਫਤਰ ਰੋਡ ਅਤੇ ਖਹਿਰਾ ਪੈਲਸ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਦੇ ਹੋਏ ਖਹਿਰਾ ਪੈਲਸ ਰੋਡ ਨਾਲ ਚਲਦੇ ਹੋਏ ਗਲੀ ਰਤਨ ਡਰਾਇਵਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚਲਦੇ ਹੋਏ ਨਗਰ ਕੌਂਸਲ ਦੀ ਪੂਰਬੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚਲਦੇ ਹੋਏ ਨਗਰ ਕੌਂਸਲ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚਲਦੇ ਹੋਏ ਗਲੀ ਸ਼ਰਮਾ ਪਲਾਈ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚਲਦੇ ਹੋਏ ਗਲੀ ਐਚ.ਡੀ.ਐਫ.ਸੀ. ਬੈਂਕ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚਲਦੋ ਹੋਏ ਬੱਸ ਸਟੈਂਡ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੋ ਹੋਏ ਐਮ.ਸੀ. ਦਫਤਰ ਅਤੇ ਖਹਿਰਾ ਪੈਲਸ ਰੋਡ ਤੀਕ, ਅਰਥਾਤ ਜਿਥੋਂ ਆਰੰਭ ਕੀਤਾ ਸੀ।

ਵਾਰਡ ਨੰ: 8 (ਅਨੁਸੂਚਿਤ ਜਾਤੀਆਂ ਦੇ ਮੈਬਰਾਂ ਲਈ ਰਾਖਵਾਂ)

ਗਲੀ ਤਰਸ਼ੇਮ ਵਾਲੀ ਅਤੇ ਬੱਸ ਸਟੈਂਡ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਬੱਸ ਸਟੈਂਡ ਰੋਡ ਨਾਲ ਚੱਲਦੇ ਹੋਏ ਗਲੀ ਇਸਾਈ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਜਗਚਾਨਣ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਛੰਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਤਰਸ਼ੇਮ ਵਾਲੀ ਅਤੇ ਬੱਸ ਸਟੈਂਡ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 9 (ਅਨਸੂਚਿਤ ਜਾਤੀਆਂ ਦੀਆਂ ਇਸਤਰੀ ਮੈਬਰਾਂ ਲਈ ਰਾਖਵਾਂ)

ਗਲੀ ਇਸਾਈ ਅਤੇ ਬੱਸ ਸਟੈਂਡ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਬੱਸ ਸਟੈਂਡ ਰੋਡ ਨਾਲ ਚੱਲਦੇ ਹੋਏ ਗਲੀ ਐਚ.ਡੀ.ਐਫ.ਸੀ ਬੈਂਕ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸ਼ਰਮਾ ਪਲਾਈ ਵਾਲਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਰਨਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਬਾਜਾਖਾਨਾਂ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਜ਼ਸਵਿੰਦਰ ਮਾਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਛੰਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਜਗਚਾਨਣ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਇਸਾਈ ਅਤੇ ਬੱਸ ਸਟੈਂਡ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 10 (ਅਨੁਸੂਚਿਤ ਜਾਤੀਆਂ ਦੇ ਮੈਬਰਾਂ ਲਈ ਰਾਖਵਾਂ)

ਬਾਜਾਖਾਨਾਂ ਰੋਡ ਅਤੇ ਤਪਾ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਤਪਾ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਪੂਰਬੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੱਦ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਬਾਜਾਖਾਨਾਂ ਰੋਡ ਅਤੇ ਤਪਾ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 11 (ਇਸਤਰੀਆਂ ਮੈਬਰਾਂ ਲਈ ਰਾਖਵਾਂ)

ਗਲੀ ਗੰਧਾਰਾ ਮੁਹੱਲਾ ਅਤੇ ਗਲੀ ਮਾਨਾਂ ਮੁਹੱਲਾ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਗਲੀ ਨਾਲ ਚੱਲਦੇ ਹੋਏ ਛੰਨਾਂ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਜ਼ਸਵਿੰਦਰ ਮਾਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਾਜਾਖਾਨਾਂ

ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਹਰਦਮ ਮਾਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਟੋਭੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨਿੰਮਵਾਲਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੰਧਾਰਾ ਮੁਹੱਲਾ ਅਤੇ ਗਲੀ ਮਾਨਾਂ ਮੁਹੱਲਾ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 12

ਗਲੀ ਲੰਬਰਦਾਰ ਵਾਲੀ ਅਤੇ ਗਲੀ ਢੀਂਡਸਾ ਮੁਹੱਲਾ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਜੰਗੀਕਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨਿੰਮਵਾਲਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਟੋਬੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਹਰਦਮ ਮਾਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਾਜਾਖਾਨਾਂ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੱਛਮੀ ਹੱਦ (ਪੱਕਾ ਖਾਲ) ਤੀਕ, ਫਿਰ ਉਕਤ ਹੱਦ (ਪੱਕਾ ਖਾਲ) ਨਾਲ ਚੱਲਦੇ ਹੋਏ ਗਲੀ ਸੰਤ ਗੁਰਮੇਲ ਦਾਸ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲੰਬਰਦਾਰ ਵਾਲੀ ਅਤੇ ਗਲੀ ਢੀਂਡਸਾ ਮੁਹੱਲਾ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 13 (ਪੱਛੜੀਆਂ ਸ਼੍ਰੇਣੀਆਂ ਦੇ ਮੈਬਰਾਂ ਲਈ ਰਾਖਵਾਂ)

ਗਲੀ ਘੁਮਿਆਰਾਂ ਵਾਲੀ ਅਤੇ ਗਲੀ ਮਹੰਤਾਂ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਮਹੰਤਾਂ ਵਾਲੀ ਨਾਲ ਚੱਲਦੇ ਹੋਏ ਗਲੀ ਮੁਹੱਲਾ ਪੂਰੀਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੇਨ ਬਜਾਰ (ਨੱਤਾ ਮੁਹੱਲਾ) ਵਾਲੀ ਤੀਕ, ਫਿਰ ਉਕਤ ਗਲੀ ਮੇਨ ਬਜਾਰ (ਨੱਤਾ ਮੁਹੱਲਾ) ਨਾਲ ਚੱਲਦੇ ਹੋਏ ਮੇਨ ਬਜਾਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਮਾਨਾਂ ਮੁਹੱਲਾ (ਗੰਧਾਰਾ ਮੁਹੱਲਾ) ਗਲੀ ਵਾਲੀ ਤੀਕ, ਫਿਰ ਉਕਤ ਗਲੀ ਮਾਨਾਂ ਮੁਹੱਲਾ (ਗੰਧਾਰਾ ਮੁਹੱਲਾ) ਗਲੀ ਨਾਲ ਚੱਲਦੇ ਹੋਏ ਗਲੀ ਮੁਹੱਲਾ ਜੰਗੀਕਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਢੀਂਡਸਾ ਮੁਹੱਲਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲੰਬਰਦਾਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਘੁਮਿਆਰਾਂ ਵਾਲੀ ਅਤੇ ਗਲੀ ਮਹੰਤਾਂ ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਸਹੀ/-

ਤੇਜਵੀਰ ਸਿੰਘ, ਆਈ.ਏ.ਐਸ,

ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ

ਮਿਤੀ 11 ਨਵੰਬਰ, 2025

3558/11-2025/Pb. Govt. Press, S.A.S. Nagar